ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਸੁਚਾਰੂ ਖਰੀਦ ਲਈ ਲੋੜੀਂਦੇ ਪ੍ਰਬੰਧ ਮੁਕਮੰਲ-ਡਿਪਟੀ ਕਮਿਸ਼ਨਰ

ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਦੀ ਕੀਤੀ ਅਪੀਲ

ਤਰਨਤਾਰਨ, 30 ਸਤੰਬਰ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਸੁਚਾਰੂ ਖਰੀਦ ਲਈ ਲੋੜੀਂਦੇ ਪ੍ਰਬੰਧ ਮੁਕਮੰਲ ਕਰ ਲਏ ਹਨ ਅਤੇ 1 ਅਕਤੂਬਰ ਤੋਂ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਹੋ ਜਾਵੇਗੀ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਮੰਡੀਆਂ ਵਿੱਚ ਆਪਣੀ ਫਸਲ ਵੇਚਣ ਲਈ ਆਏ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।



ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੂਰੇ ਪੱਕੇ ਹੋਏ ਝੋਨੇ ਦੀ ਕਟਾਈ ਹੀ ਕਰਵਾਉਣ ਅਤੇ ਸੁੱਕਾ ਝੋਨਾ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਆਪਣਾ ਝੋਨਾ ਵੇਚਣ ਲਈ ਕੋਈ ਮੁਸ਼ਕਿਲ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 17 ਫ਼ੀਸਦੀ ਨਮੀ ਨਿਰਧਾਰਿਤ ਕੀਤੀ ਗਈ ਹੈ, ਜੇਕਰ ਕੋਈ ਕਿਸਾਨ ਨਿਰਧਾਰਿਤ ਨਮੀ ਤੋਂ ਵੱਧ ਵਾਲਾ ਝੋਨਾ ਵੇਚਣ ਲਈ ਆਉਂਦਾ ਹੈ ਤਾਂ ਉਸਨੂੰ ਮੰਡੀ ਵਿੱਚ ਦਾਖ਼ਲ ਨਹੀਂ ਹੋਣ ਦਿੱਤਾ ਜਾਵੇਗਾ।ਉਹਨਾਂ ਦੱਸਿਆ ਕਿ ਰਾਤ ਸਮੇਂ ਝੋਨੇ ਦੀ ਕਟਾਈ ਨਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।ਉਹਨਾਂ ਦੱਸਿਆ ਕਿ ਜੇਕਰ ਕੋਈ ਕਿਸਾਨ ਰਾਤ ਸਮੇਂ ਝੋਨੇ ਦੀ ਕਟਾਈ ਕੰਬਾਈਨ ਰਾਹੀਂ ਕਰਵਾਏਗਾ ਤਾਂ ਤੁਰੰਤ ਉਸਦੀ ਕੰਬਾਇਨ ਜ਼ਬਤ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਜ਼ਿਲ੍ਹਾ ਤਰਨਤਾਰਨ ਦੀਆਂ 56 ਮੰਡੀਆਂ ਵਿੱਚੋਂ ਪੰਜਾਬ ਸਰਕਾਰ ਦੀਆਂ ਵੱਖ-ਵੱਖ ਖਰੀਦ ਏਜੰਸੀਆਂ, ਪਨਗ੍ਰੇਨ ਵੱਲੋਂ 30 ਫ਼ੀਸਦੀ, ਮਾਰਕਫੈਡ ਵੱਲੋਂ 23 ਫ਼ੀਸਦੀ, ਪਨਸਪ ਵੱਲੋਂ 22 ਫ਼ੀਸਦੀ, ਵੇਅਰ ਹਾਊਸ ਵੱਲੋਂ 10 ਫ਼ੀਸਦੀ, ਪੰਜਾਬ ਐਗਰੋ ਵੱਲੋਂ 10 ਫ਼ੀਸਦੀ ਅਤੇ ਭਾਰਤ ਸਰਕਾਰ ਦੀ ਖਰੀਦ ਏਜੰਸੀ ਐਫ.ਸੀ.ਆਈ. ਵੱਲੋਂ 5 ਫ਼ੀਸਦੀ ਝੋਨੇ ਦੀ ਖਰੀਦ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਮੰਡੀਆਂ ਵਿੱਚ ਆਉਣ ਵਾਲਾ ਉਹ ਸਾਰਾ ਝੋਨਾ, ਜੋ ਸਰਕਾਰੀ ਖਰੀਦ ਦੇ ਮਾਪਦੰਡਾਂ ’ਤੇ ਪੂਰਾ ਉਤਰਦਾ ਹੈ, ਉਸ ਦੀ ਤੁਰੰਤ ਖਰੀਦ ਕੀਤੀ ਜਾਵੇ।ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਗਏ ਝੋਨੇ ਦੀ ਮੰਡੀਆਂ ਵਿੱਚੋਂ ਤੁਰੰਤ ਚੁਕਾਈ ਕਰਨ ਅਤੇ ਖਰੀਦ ਕੀਤੀ ਗਈ ਫ਼ਸਲ ਦੀ ਅਦਾਇਗੀ ਕਿਸਾਨਾਂ ਨੂੰ 48 ਘੰਟਿਆਂ ਵਿੱਚ ਕਰਨੀ ਯਕੀਨੀ ਬਣਾਉਣ ਲਈ ਖਰੀਦ ਏਜੰਸੀਆਂ ਨੂੰ ਆਦੇਸ਼ ਜਾਰੀ ਕੀਤੇ ਗਏ ਹਨ।

------------